# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 21-04-2025**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਸਿਵਲ ਸੇਵਾਵਾਂ ਦਿਵਸ 'ਤੇ ਸਾਰੇ ਸਿਵਲ ਸੇਵਕਾਂ ਨੂੰ ਵਧਾਈ ਦਿੱਤੀ ਏ ।ਸੋਸ਼ਲ ਮੀਡੀਆ 'ਤੇ, ਉਨ੍ਹਾਂ ਕਿਹਾ ਕਿ ਜਨਤਕ ਸੇਵਾ, ਨੀਤੀ ਨਿਰਮਾਣ ਅਤੇ ਇਸ ਨੂੰ ਲਾਗੂ ਕਰਨ ਵਿੱਚ ਸਿਵਲ ਸੇਵਕਾਂ ਦੀ ਭੂਮਿਕਾ ਨੇ ਨਾਗਰਿਕਾਂ ਦੀ ਭਲਾਈ ਅਤੇ ਦੇਸ਼ ਦੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਏ । ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਸਿਵਲ ਸੇਵਕ ਰਾਸ਼ਟਰ ਨੂੰ ਇਸਦੇ ਟੀਚਿਆਂ ਨੂੰ ਪ੍ਰਾਪਤ ਕਰਨ ਅਤੇ ਪ੍ਰਭਾਵਸ਼ਾਲੀ ਸ਼ਾਸਨ ਵਿੱਚ ਨਵੇਂ ਮਾਪਦੰਡ ਸਥਾਪਤ ਕਰਨ ਵਿੱਚ ਮਦਦ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ।

----------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਿਵਲ ਸੇਵਾਵਾਂ ਦਿਵਸ 'ਤੇ ਸਾਰੇ ਸਿਵਲ ਸੇਵਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ ।ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿਖੇ 17ਵੇਂ ਸਿਵਲ ਸੇਵਾ ਦਿਵਸ ਸਮਾਗਮ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ 21 ਅਪ੍ਰੈਲ,

1947 ਨੂੰ ਸਰਦਾਰ ਵੱਲਭ ਭਾਈ ਪਟੇਲ ਨੇ ਸਿਵਲ ਸੇਵਕਾਂ ਨੂੰ 'ਭਾਰਤ ਦਾ ਸਟੀਲ ਫਰੇਮ' ਕਿਹਾ ਸੀ ।**BYTE-**

ਪ੍ਰਧਾਨ ਮੰਤਰੀ ਮੋਦੀ ਨੇ ਦੇਸ਼ ਦੇ ਨੌਜਵਾਨਾਂ, ਕਿਸਾਨਾਂ ਅਤੇ ਔਰਤਾਂ ਦੀਆਂ ਅਸਾਧਾਰਨ ਇੱਛਾਵਾਂ ਨੂੰ ਪੂਰਾ ਕਰਨ ਲਈ ਅਸਾਧਾਰਨ ਗਤੀ ਦੀ ਜ਼ਰੂਰਤ 'ਤੇ ਵੀ ਜ਼ੋਰ ਦਿੱਤਾ ਏ ਕਿਉਂਕਿ ਉਨ੍ਹਾਂ ਦੇ ਸੁਪਨੇ ਬੇਮਿਸਾਲ ਉਚਾਈਆਂ 'ਤੇ ਪਹੁੰਚ ਰਹੇ ਨੇ ।**BYTE-**

---------------------------------------------------------------------

ਲੁਧਿਆਣਾ ਪੱਛਮੀ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਤੋਂ ਪਹਿਲਾਂ, ਫੋਟੋ ਵੋਟਰ ਸੂਚੀ ਦੀ ਵਿਸ਼ੇਸ਼ ਸੰਖੇਪ ਸੋਧ ਚੱਲ ਰਹੀ ਏ । ਇਸ ਵੋਟਰ ਸੂਚੀ ਵਿੱਚ ਯੋਗਤਾ ਤਰੀਕ ਪਹਿਲੀ ਅਪ੍ਰੈਲ ਏ ।ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਖਰੜੇ ਮੁਤਾਬਕ, ਲੁਧਿਆਣਾ ਪੱਛਮੀ ਵਿੱਚ ਵੋਟਰਾਂ ਦੀ ਕੁੱਲ ਗਿਣਤੀ ਇਕ ਲੱਖ 73 ਹਜ਼ਾਰ 71 ਏ । ਦਾਅਵੇ ਅਤੇ ਇਤਰਾਜ਼ 24 ਅਪ੍ਰੈਲ ਤੱਕ ਦਾਇਰ ਕੀਤੇ ਜਾ ਸਕਦੇ ਨੇ । ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ 5 ਮਈ ਨੂੰ ਨਿਰਧਾਰਤ ਕੀਤੀ ਗਈ ਏ । ਉਨ੍ਹਾਂ ਦੱਸਿਆ ਕਿ ਇਹ ਯਕੀਨੀ ਬਣਾਉਣ ਲਈ ਵਿਵਸਥਾ ਕੀਤੀ ਗਈ ਏ ਕਿ ਕਿਸੇ ਵੀ ਪੋਲਿੰਗ ਸਟੇਸ਼ਨ ‘ਤੇ ਵੋਟਰਾਂ ਦੀ ਗਿਣਤੀ 1,200 ਤੋਂ ਵੱਧ ਨਾ ਹੋਵੇ ਤਾਂ ਜੋ ਪਹੁੰਚਯੋਗਤਾ ਅਤੇ ਸਹੂਲਤ ਨੂੰ ਵਧਾਇਆ ਜਾ ਸਕੇ।ਸਿਬਿਨ ਸੀ ਨੇ ਸਾਰੀਆਂ ਸਿਆਸੀ ਪਾਰਟੀਆਂ ਨੂੰ ਵੋਟਰਾਂ ਨੂੰ

ਅੱਪਡੇਟ ਕਰਨ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਦਾਅਵੇ ਅਤੇ ਇਤਰਾਜ਼ ਦਰਜ ਕਰਨ ਦੀ ਪ੍ਰਕਿਰਿਆ ਵਿੱਚ ਵੋਟਰਾਂ ਦੀ ਮਦਦ ਕਰਨ ਲਈ ਬੂਥ ਲੈਵਲ ਏਜੰਟਾਂ ਰਾਹੀਂ ਸੋਧ ਪ੍ਰਕਿਰਿਆ ਵਿੱਚ ਸਰਗਰਮੀ ਨਾਲ ਯੋਗਦਾਨ ਪਾਉਣ ਦੀ ਅਪੀਲ ਕੀਤੀ ਏ।

----------------------------------------------------------------------

ਜੰਮੂ-ਕਸ਼ਮੀਰ ਦੇ ਰਾਮਬਨ ਜ਼ਿਲ੍ਹੇ ਵਿੱਚ ਬੱਦਲ ਫਟਣ ਅਤੇ ਜ਼ਮੀਨ ਖਿਸਕਣ ਤੋਂ ਬਾਅਦ ਅੱਜ ਰਾਹਤ ਅਤੇ ਬਚਾਅ ਕਾਰਜ ਮੁੜ ਸ਼ੁਰੂ ਹੋ ਗਏ ਨੇ। ਕਸ਼ਮੀਰ ਵਾਦੀ ਨੂੰ ਦੇਸ਼ ਦੇ ਬਾਕੀ ਹਿੱਸਿਆਂ ਨਾਲ ਜੋੜਨ ਵਾਲੇ ਮਹੱਤਵਪੂਰਨ ਜੰਮੂ-ਸ਼੍ਰੀਨਗਰ ਰਾਸ਼ਟਰੀ ਰਾਜ-ਮਾਰਗ ਨੂੰ ਪੂਰੀ ਤਰ੍ਹਾਂ ਖੋਲ੍ਹਣ ਲਈ ਉਪਰਾਲੇ ਜਾਰੀ ਨੇ। ਰਾਮਬਨ ਜ਼ਿਲ੍ਹੇ ਵਿੱਚ ਜ਼ਮੀਨ ਖਿਸਕਣ ਕਾਰਨ ਜੰਮੂ-ਸ਼੍ਰੀਨਗਰ ਰਾਸ਼ਟਰੀ ਰਾਜ-ਮਾਰਗ ਬੰਦ ਹੋ ਗਿਆ। ਕੌਮੀ ਆਫ਼ਤ ਪ੍ਰਤੀਕਿਰਿਆ ਬਲ ਅਤੇ ਸੂਬਾ ਆਫ਼ਤ ਪ੍ਰਤੀਕਿਰਿਆ ਬਲ ਦੀਆਂ ਟੀਮਾਂ ਰਾਹਤ ਅਤੇ ਬਚਾਅ ਕਾਰਜਾਂ ਵਿੱਚ ਲੱਗੀਆਂ ਹੋਈਆਂ ਨੇ , ਪਰ ਖਰਾਬ ਮੌਸਮ ਕਾਰਨ ਰਾਹਤ ਕਾਰਜਾਂ ਵਿੱਚ ਰੁਕਾਵਟ ਆ ਰਹੀ ਏ। ਰਾਮਬਨ ਦੇ ਡਿਪਟੀ ਕਮਿਸ਼ਨਰ ਪੁਲਿਸ ਨੇ ਲੋਕਾਂ ਨੂੰ ਘਰਾਂ ਤੋਂ ਬਾਹਰ ਨਾ ਨਿਕਲਣ ਦੀ ਅਪੀਲ ਕੀਤੀ ਏ।

----------------------------------------------------------------------

ਬਿਜਲੀ ਮੰਤਰੀ ਹਰਭਜਨ ਸਿੰਘ ਨੇ ਕਿਹਾ ਕਿ ਪਿਛਲੇ ਦਹਾਕੇ ਦੇ

ਮੁਕਾਬਲੇ ਵਿੱਤੀ ਸਾਲ 2024-25 ਦੌਰਾਨ ਗੁਰੂ ਗੋਬਿੰਦ ਸਿੰਘ ਸੁਪਰ ਥਰਮਲ ਪਲਾਂਟ ਦੀ ਕਾਰਗੁਜ਼ਾਰੀ ਸਭ ਤੋਂ ਵਧੀਆ ਰਹੀ ਏ । ਉਨ੍ਹਾਂ ਕਿਹਾ ਕਿ ਕੁੱਲ ਉਤਪਾਦਨ, ਪਲਾਂਟ ਲੋਡ ਫੈਕਟਰ, ਹੀਟ ਰੇਟ, ਅਤੇ ਥਰਮਲ ਸਮਰਥਾ ਵਿੱਚ ਬੇਮਿਸਾਲ ਦਾ ਵਾਧਾ ਦਰਜ ਕੀਤਾ ਗਿਆ ਏ । ਮੰਤਰੀ ਨੇ ਕਿਹਾ ਕਿ ਇਹ ਸ਼ਾਨਦਾਰ ਪ੍ਰਦਰਸ਼ਨ - ਰਣਨੀਤਕ ਯੋਜਨਾਬੰਦੀ, ਨਿਯਮਿਤ ਰੱਖ-ਰਖਾਅ ਅਤੇ ਪੰਜਾਬ ਸਰਕਾਰ ਵੱਲੋਂ ਯਕੀਨੀ ਬਣਾਏ ਅਨੁਕੂਲਿਤ ਕਾਰਜਸ਼ੀਲ ਅਭਿਆਸਾਂ ਸਦਕਾ ਹੀ ਸੰਭਵ ਹੋਇਆ ਏ । ਜ਼ਿਕਰਯੋਗ ਏ ਕਿ ਰੋਪੜ ਦੇ ਗੁਰੂ ਗੋਬਿੰਦ ਸਿੰਘ ਸੁਪਰ ਥਰਮਲ ਪਲਾਂਟ, ਪੰਜਾਬ ਦੇ ਸਭ ਤੋਂ ਪੁਰਾਣੇ ਬਿਜਲੀ ਪੈਦਾ ਕਰਨ ਵਾਲੇ ਸਟੇਸ਼ਨਾਂ ਵਿੱਚੋਂ ਇੱਕ ਏ । ਮੰਤਰੀ ਨੇ ਕਿਹਾ ਕਿ ਮੌਜੂਦਾ ਚਾਰ ਕਾਰਜਸ਼ੀਲ ਯੂਨਿਟਾਂ ਤੋਂ ਕੁੱਲ ਬਿਜਲੀ ਉਤਪਾਦਨ 4 ਹਜ਼ਾਰ 553 ਲੱਖ ਯੂਨਿਟ ’ਤੇ ਪਹੁੰਚ ਗਿਆ ਏ ।

---------------------------------------------------------------------------

ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਸ੍ਰੀ ਮੁਕਤਸਰ ਸਾਹਿਬ, ਫਿਰੋਜ਼ਪੁਰ, ਫਾਜ਼ਿਲਕਾ, ਫਰੀਦਕੋਟ ਸਮੇਤ ਹੋਰ ਕਈ ਜ਼ਿਲਿਆਂ ਦਾ ਦੌਰਾ ਕੀਤਾ । ਉਨਾਂ ਸਿਹਤ ਵਿਭਾਗ ਦੇ ਨਾਲ ਮੀਟਿੰਗਾਂ ਕਰਦਿਆਂ ਆਉਂਦੇ ਬਰਸਾਤੀ ਸੀਜ਼ਨ ਦੌਰਾਨ ਡੇਂਗੂ, ਮਲੇਰੀਆ ਤੇ ਹੋਰ ਬਿਮਾਰੀਆਂ ਦੀ ਰੋਕਥਾਮ ਸਬੰਧੀ ਪ੍ਰਬੰਧ ਮੁਕੰਮਲ ਕਰਨ ਦੇ ਨਿਰਦੇਸ਼

ਦਿੱਤੇ। ਉਹਨਾਂ ਦੱਸਿਆ ਕਿ ਜੇਕਰ ਕੋਈ ਵੀ ਵਿਅਕਤੀ ਕਿਸੇ ਵੀ ਤਰ੍ਹਾਂ ਦੇ ਨਸ਼ੇ ਵੇਚਦਾ ਪਾਇਆ ਜਾਂਦਾ ਏ ਤਾਂ ਉਸਨੂੰ ਬਖਸ਼ਿਆਂ ਨਹੀਂ ਜਾਵੇਗਾ। ਫਾਜ਼ਿਲਕਾ ਦੇ ਦੌਰੇ ਮੌਕੇ ਸਿਹਤ ਮੰਤਰੀ ਨੇ ਦਸਿਆ ਕਿ ਮੁੜ ਵਸੇਬਾ ਕੇਂਦਰ ਦੀ ਸਮਰੱਥਾ 50 ਤੋਂ ਵਧਾ ਕੇ 75 ਕੀਤੀ ਜਾ ਰਹੀ ਏ। ਉਨ੍ਹਾਂ ਕਿਹਾ ਕਿ ਨਸ਼ਾ ਛੱਡਣ ਤੋਂ ਬਾਅਦ ਇੰਨ੍ਹਾਂ ਨੌਜਵਾਨਾਂ ਨੂੰ ਚੰਗੀ ਕਾਉਂਸਲਿੰਗ ਦੇਣ ਦੇ ਨਾਲ ਨਾਲ ਸਰਕਾਰੀ ਆਈ.ਟੀ.ਆਈ ਅਤੇ ਕ੍ਰਿਸ਼ੀ ਵਿਗਿਆਨ ਕੇਂਦਰਾਂ ਤੋਂ ਵੱਖ ਵੱਖ ਕਿੱਤਾਮੁੱਖੀ ਕੋਰਸ ਕਰਵਾਏ ਜਾਣਗੇ ਤਾਂ ਜੋ ਇਹ ਲੋਕ ਸਮਾਜ ਦੀ ਮੁੱਖ ਧਾਰਾ ਵਿਚ ਮੁੜ ਕੇ ਆਪਣਾ ਕੰਮ ਸ਼ੁਰੂ ਕਰ ਸਕਣ। ਕੈਬਨਿਟ ਮੰਤਰੀ ਨੇ ਇਸ ਮੌਕੇ ਦੱਸਿਆ ਕਿ ਅਬੋਹਰ ਦੇ ਸਬ ਡਵੀਜਨਲ ਹਸਪਤਾਲ ਵਿਚ ਸੀਟੀ ਸਕੈਨ ਦੀ ਸੁਵਿਧਾ ਮਿਲੇਗੀ। ਉਨ੍ਹਾਂ ਨੇ ਕਿਹਾ ਕਿ ਡਾਕਟਰਾਂ ਦੀ ਘਾਟ ਵੀ ਜਲਦ ਪੂਰੀ ਕੀਤੀ ਜਾਵੇਗੀ ।